ਗੂਜਰੀ ਮਹਲਾ ੫ ॥ ਜਿਸੁ ਸਿਮਰਤ ਸਭਿ ਕਿਲਵਿਖ ਨਾਸਹਿ ਪਿਤਰੀ ਹੋਇ ਉਧਾਰੋ ॥ ਸੋ ਹਰਿ ਹਰਿ ਤੁਮ੍ਹ੍ਹ ਸਦ ਹੀ ਜਾਪਹੁ ਜਾ ਕਾ ਅੰਤੁ ਨ ਪਾਰੋ ॥੧॥ ਪੂਤਾ ਮਾਤਾ ਕੀ ਆਸੀਸ ॥ ਨਿਮਖ ਨ ਬਿਸਰਉ ਤੁਮ੍ਹ੍ਹ ਕਉ ਹਰਿ ਹਰਿ ਸਦਾ ਭਜਹੁ ਜਗਦੀਸ ॥੧॥ ਰਹਾਉ ॥ ਸਤਿਗੁਰੁ ਤੁਮ੍ਹ੍ਹ ਕਉ ਹੋਇ ਦਇਆਲਾ ਸੰਤਸੰਗਿ ਤੇਰੀ ਪ੍ਰੀਤਿ ॥ ਕਾਪੜੁ ਪਤਿ ਪਰਮੇਸਰੁ ਰਾਖੀ ਭੋਜਨੁ ਕੀਰਤਨੁ ਨੀਤਿ ॥੨॥ ਅੰਮ੍ਰਿਤੁ ਪੀਵਹੁ ਸਦਾ ਚਿਰੁ ਜੀਵਹੁ ਹਰਿ ਸਿਮਰਤ ਅਨਦ ਅਨੰਤਾ ॥ ਰੰਗ ਤਮਾਸਾ ਪੂਰਨ ਆਸਾ ਕਬਹਿ ਨ ਬਿਆਪੈ ਚਿੰਤਾ ॥੩॥ ਭਵਰੁ ਤੁਮ੍ਹ੍ਹਾਰਾ ਇਹੁ ਮਨੁ ਹੋਵਉ ਹਰਿ ਚਰਣਾ ਹੋਹੁ ਕਉਲਾ ॥ ਨਾਨਕ ਦਾਸੁ ਉਨ ਸੰਗਿ ਲਪਟਾਇਓ ਜਿਉ ਬੂੰਦਹਿ ਚਾਤ੍ਰਿਕੁ ਮਉਲਾ ॥੪॥੩॥੪॥ {ਪੰਨਾ 496}

ਪਦਅਰਥ:- ਸਭਿ—ਸਾਰੇ। ਕਿਲਵਿਖ—ਪਾਪ। ਨਾਸਹਿ—ਨਾਸ ਹੋ ਜਾਂਦੇ ਹਨ {ਨਯਤਿ}। ਉਧਾਰੋ—ਉਧਾਰ, ਸੰਸਾਰ-ਸਮੁੰਦਰ ਤੋਂ ਪਾਰ-ਉਤਾਰਾ। ਸਦ—ਸਦਾ। ਪਾਰੋ—ਪਾਰਲਾ ਬੰਨਾ।1।

ਪੂਤਾ—ਹੇ ਪੁੱਤਰ! ਨਿਮਖ—ਅੱਖ ਝਮਕਣ ਜਿਤਨਾ ਸਮਾ। ਬਿਸਰਉ—{ਹੁਕਮੀ ਭਵਿੱਖਤ, ਅੱਨ ਪੁਰਖ, ਇਕ-ਵਚਨ। ਇਸ ਨੂੰ 'ਬਿਸਰਉਂ ਨਹੀਂ ਪੜ੍ਹਨਾ}। ਨ ਬਿਸਰਉ—ਕਿਤੇ ਵਿਸਰ ਨਾਹ ਜਾਏ। ਜਗਦੀਸ—ਜਗਤ ਦਾ ਮਾਲਕ।1। ਰਹਾਉ।

ਸੰਗਿ—ਨਾਲ। ਕਾਪੜੁ—ਕੱਪੜਾ। ਪਤਿ—ਇੱਜ਼ਤ। ਨੀਤਿ—ਸਦਾ, ਨਿੱਤ।2।

ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ। ਜੀਵਹੁ—ਉੱਚਾ ਜੀਵਨ ਪ੍ਰਾਪਤ ਕਰੀ ਰੱਖੋ। ਅਨੰਤਾ—ਬੇਅੰਤ। ਨ ਬਿਆਪੈ—ਜ਼ੋਰ ਨਾਹ ਪਾ ਸਕੇ।3।

ਹੋਵਉ—{ਲਫ਼ਜ਼ 'ਬਿਸਰਉ' ਵਾਂਗ ਹੀ} ਹੋ ਜਾਏ। ਹੋਹੁ—{ਹੁਕਮੀ ਭਵਿੱਖਤ, ਅੱਨ ਪੁਰਖ, ਬਹੁ-ਵਚਨ} ਹੋ ਜਾਣ। ਚਾਤ੍ਰਿਕ—ਪਪੀਹਾ। ਬੂੰਦਹਿ ਮਉਲਾ—ਵਰਖਾ ਦੀ ਕਣੀ ਨਾਲ ਖਿੜਦਾ ਹੈ।4।

ਅਰਥ:- ਹੇ ਪੁੱਤਰ! (ਤੈਨੂੰ) ਮਾਂ ਦੀ ਇਹ ਅਸੀਸ ਹੈ—ਤੈਨੂੰ ਪਰਮਾਤਮਾ ਅੱਖ ਝਮਕਣ ਜਿਤਨੇ ਸਮੇ ਲਈ ਭੀ ਨਾਹ ਭੁੱਲੇ, ਤੂੰ ਸਦਾ ਜਗਤ ਦੇ ਮਾਲਕ ਪ੍ਰਭੂ ਦਾ ਨਾਮ ਜਪਦਾ ਰਹੁ।1। ਰਹਾਉ।

ਹੇ ਪੁੱਤਰ! ਜਿਸ ਪਰਮਾਤਮਾ ਦਾ ਨਾਮ ਸਿਮਰਦਿਆਂ ਸਾਰੇ ਪਾਪ ਨਾਸ ਹੋ ਜਾਂਦੇ ਹਨ, (ਸਿਮਰਨ ਵਾਲੇ ਦੇ) ਪਿਤਰਾਂ ਦਾ ਭੀ (ਸੰਸਾਰ-ਸਮੁੰਦਰ ਤੋਂ) ਪਾਰ-ਉਤਾਰਾ ਹੋ ਜਾਂਦਾ ਹੈ, ਜਿਸ ਪਰਮਾਤਮਾ ਦੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ ਪਾਰਲਾ ਬੰਨਾ ਨਹੀਂ ਲੱਭ ਸਕਦਾ, ਤੂੰ ਸਦਾ ਹੀ ਉਸ ਦਾ ਨਾਮ ਜਪਦਾ ਰਹੁ।1।

ਹੇ ਪੁੱਤਰ! ਸਤਿਗੁਰੂ ਤੇਰੇ ਉਤੇ ਦਇਆਵਾਨ ਰਹੇ, ਗੁਰੂ ਨਾਲ ਤੇਰਾ ਪਿਆਰ ਬਣਿਆ ਰਹੇ, (ਜਿਵੇਂ) ਕੱਪੜਾ (ਮਨੁੱਖ ਦਾ ਪਰਦਾ ਢੱਕਦਾ ਹੈ, ਤਿਵੇਂ) ਪਰਮਾਤਮਾ ਤੇਰੀ ਇੱਜ਼ਤ ਰੱਖੇ, ਸਦਾ ਪਰਮਾਤਮਾ ਦੀ ਸਿਫ਼ਤਿ-ਸਾਲਾਹ ਤੇਰੇ ਆਤਮਾ ਦੀ ਖ਼ੁਰਾਕ ਬਣੀ ਰਹੇ।2।

ਹੇ ਪੁੱਤਰ! ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਸਦਾ ਪੀਂਦਾ ਰਹੁ, ਸਦਾ ਲਈ ਤੇਰਾ ਉੱਚਾ ਆਤਮਕ ਜੀਵਨ ਬਣਿਆ ਰਹੇ। ਹੇ ਪੁੱਤਰ! ਪਰਮਾਤਮਾ ਦਾ ਸਿਮਰਨ ਕੀਤਿਆਂ ਅਮੁੱਕ ਆਨੰਦ ਬਣਿਆ ਰਹਿੰਦਾ ਹੈ, ਆਤਮਕ ਖ਼ੁਸ਼ੀਆਂ ਪ੍ਰਾਪਤ ਰਹਿੰਦੀਆਂ ਹਨ, ਸਭ ਆਸਾਂ ਪੂਰੀਆਂ ਹੋਈਆਂ ਰਹਿੰਦੀਆਂ ਹਨ, ਚਿੰਤਾ ਕਦੇ ਆਪਣਾ ਜ਼ੋਰ ਨਹੀਂ ਪਾ ਸਕਦੀ।3।

ਹੇ ਪੁੱਤਰ! ਤੇਰਾ ਇਹ ਮਨ ਭੌਰਾ ਬਣਿਆ ਰਹੇ, ਪਰਮਾਤਮਾ ਦੇ ਚਰਨ (ਤੇਰੇ ਮਨ-ਭੌਰੇ ਵਾਸਤੇ) ਕੌਲ-ਫੁੱਲ ਬਣੇ ਰਹਿਣ। ਹੇ ਨਾਨਕ! (ਆਖ—) ਪਰਮਾਤਮਾ ਦਾ ਸੇਵਕ ਉਹਨਾਂ ਚਰਨਾਂ ਨਾਲ ਇਉਂ ਲਪਟਿਆ ਰਹਿੰਦਾ ਹੈ; ਜਿਵੇਂ ਪਪੀਹਾ ਵਰਖਾ ਦੀ ਬੂੰਦ ਪੀ ਕੇ ਖਿੜਦਾ ਹੈ।4।3।4।